ਭੈਰਉ ਮਹਲਾ ੫ ॥ ਗੁਰ ਸੁਪ੍ਰਸੰਨ ਹੋਏ ਭਉ ਗਏ ॥ ਨਾਮ ਨਿਰੰਜਨ ਮਨ ਮਹਿ ਲਏ ॥ ਦੀਨ ਦਇਆਲ ਸਦਾ ਕਿਰਪਾਲ ॥ ਬਿਨਸਿ ਗਏ ਸਗਲੇ ਜੰਜਾਲ ॥੧॥ ਸੂਖ ਸਹਜ ਆਨੰਦ ਘਨੇ ॥ ਸਾਧਸੰਗਿ ਮਿਟੇ ਭੈ ਭਰਮਾ ਅੰਮ੍ਰਿਤੁ ਹਰਿ ਹਰਿ ਰਸਨ ਭਨੇ ॥੧॥ ਰਹਾਉ ॥ ਚਰਨ ਕਮਲ ਸਿਉ ਲਾਗੋ ਹੇਤੁ ॥ ਖਿਨ ਮਹਿ ਬਿਨਸਿਓ ਮਹਾ ਪਰੇਤੁ ॥ ਆਠ ਪਹਰ ਹਰਿ ਹਰਿ ਜਪੁ ਜਾਪਿ ॥ ਰਾਖਨਹਾਰ ਗੋਵਿਦ ਗੁਰ ਆਪਿ ॥੨॥ ਅਪਨੇ ਸੇਵਕ ਕਉ ਸਦਾ ਪ੍ਰਤਿਪਾਰੈ ॥ ਭਗਤ ਜਨਾ ਕੇ ਸਾਸ ਨਿਹਾਰੈ ॥ ਮਾਨਸ ਕੀ ਕਹੁ ਕੇਤਕ ਬਾਤ ॥ ਜਮ ਤੇ ਰਾਖੈ ਦੇ ਕਰਿ ਹਾਥ ॥੩॥ ਨਿਰਮਲ ਸੋਭਾ ਨਿਰਮਲ ਰੀਤਿ ॥ ਪਾਰਬ੍ਰਹਮੁ ਆਇਆ ਮਨਿ ਚੀਤਿ ॥ ਕਰਿ ਕਿਰਪਾ ਗੁਰਿ ਦੀਨੋ ਦਾਨੁ ॥ ਨਾਨਕ ਪਾਇਆ ਨਾਮੁ ਨਿਧਾਨੁ ॥੪॥੩੩॥੪੬॥ {ਪੰਨਾ 1149}

ਪਦਅਰਥ:- ਸੁਪ੍ਰਸੰਨ—ਚੰਗੀ ਤਰ੍ਹਾਂ ਖ਼ੁਸ਼। ਭਉ ਗਏ—ਭਉ ਗਇਆ, ਹਰੇਕ ਡਰ ਦੂਰ ਹੋ ਗਿਆ। ਨਿਰੰਜਨ—{ਨਿਰ-ਅੰਜਨ} ਮਾਇਆ ਦੀ ਕਾਲਖ ਤੋਂ ਰਹਿਤ ਪ੍ਰਭੂ। ਲਏ—ਲੈਂਦਾ ਹੈ। ਸਗਲੇ—ਸਾਰੇ। ਜੰਜਾਲ—ਮਾਇਆ ਦੇ ਮੋਹ ਦੇ ਬੰਧਨ।1।

ਸਹਜ—ਆਤਮਕ ਅਡੋਲਤਾ। ਘਨੇ—ਬਹੁਤ। ਸੰਗਿ—ਸੰਗਤਿ ਵਿਚ। ਭੈ—{'ਭਉ' ਤੋਂ ਬਹੁ-ਵਚਨ} ਸਾਰੇ ਡਰ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ। ਰਸਨ—ਜੀਭ ਨਾਲ। ਭਨੇ—ਉਚਾਰਦਾ ਹੈ।1। ਰਹਾਉ।

ਹੇਤੁ—ਹਿਤ, ਪਿਆਰ। ਪਰੇਤੁ—ਅਸੁੱਧ ਸੁਭਾਉ, ਖੋਟਾ ਸੁਭਾਉ। ਜਾਪਿ—ਜਪਿਆ ਕਰ।2।

ਕਉ—ਨੂੰ। ਪ੍ਰਤਿਪਾਰੈ—ਪਾਲਦਾ ਹੈ। ਸਾਸ—ਸਾਹ {ਬਹੁ-ਵਚਨ}। ਨਿਹਾਰੈ—ਵੇਖਦਾ ਹੈ, ਤੱਕਦਾ ਹੈ। ਮਾਨਸ—ਮਨੁੱਖ। ਕਹੁ—ਦੱਸ। ਕੇਤਕ ਬਾਤ—ਕੀਹ ਪਾਂਇਆਂ? ਜਮ ਤੇ—ਜਮਾਂ ਤੋਂ। ਦੇ ਕਰਿ—ਦੇ ਕੇ।3।

ਨਿਰਮਲ—ਬੇ-ਦਾਗ਼। ਰੀਤਿ—ਜੀਵਨ-ਜੁਗਤਿ। ਮਨਿ—ਮਨ ਵਿਚ। ਚੀਤਿ—ਚਿੱਤ ਵਿਚ। ਗੁਰਿ—ਗੁਰੂ ਨੇ। ਨਿਧਾਨੁ—ਖ਼ਜ਼ਾਨਾ।4।

ਅਰਥ:- ਹੇ ਭਾਈ! ਸਾਧ ਸੰਗਤਿ ਵਿਚ ਰਹਿ ਕੇ ਜਿਹੜਾ ਮਨੁੱਖ ਆਪਣੀ ਜੀਭ ਨਾਲ ਆਮਤਕ ਜੀਵਨ ਦੇਣ ਵਾਲਾ ਹਰਿ-ਨਾਮ ਉਚਾਰਦਾ ਰਹਿੰਦਾ ਹੈ, ਉਸ ਦੇ ਸਾਰੇ ਡਰ ਵਹਿਮ ਦੂਰ ਹੋ ਜਾਂਦੇ ਹਨ (ਉਸ ਦੇ ਅੰਦਰ) ਆਤਮਕ ਅਡੋਲਤਾ ਦੇ ਬੜੇ ਸੁਖ ਆਨੰਦ ਬਣੇ ਰਹਿੰਦੇ ਹਨ।1। ਰਹਾਉ।

ਹੇ ਭਾਈ! ਸਤਿਗੁਰੂ ਜਿਸ ਮਨੁੱਖ ਉਤੇ ਬਹੁਤ ਪ੍ਰਸੰਨ ਹੁੰਦਾ ਹੈ, ਉਸ ਦਾ ਹਰੇਕ ਡਰ ਦੂਰ ਹੋ ਜਾਂਦਾ ਹੈ (ਕਿਉਂਕਿ) ਉਹ ਮਨੁੱਖ (ਹਰ ਵੇਲੇ) ਮਾਇਆ-ਰਹਿਤ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਈ ਰੱਖਦਾ ਹੈ। ਹੇ ਭਾਈ! ਦੀਨਾਂ ਉਤੇ ਦਇਆ ਕਰਨ ਵਾਲਾ ਪ੍ਰਭੂ ਜਿਸ ਮਨੁੱਖ ਉੱਤੇ ਕਿਰਪਾ ਕਰਦਾ ਹੈ, (ਉਸ ਦੇ ਅੰਦਰੋਂ) ਮਾਇਆ ਦੇ ਮੋਹ ਦੇ ਸਾਰੇ ਬੰਧਨ ਨਾਸ ਹੋ ਜਾਂਦੇ ਹਨ।1।

ਹੇ ਭਾਈ! ਪ੍ਰਭੂ ਦੇ ਸੋਹਣੇ ਚਰਨਾਂ ਨਾਲ ਜਿਸ ਮਨੁੱਖ ਦਾ ਪਿਆਰ ਬਣ ਜਾਂਦਾ ਹੈ, ਉਸ ਦੇ ਅੰਦਰੋਂ (ਖੋਟਾ ਸੁਭਾਉ-ਰੂਪ) ਵੱਡਾ ਪ੍ਰੇਤ ਇਕ ਖਿਨ ਵਿਚ ਮੁੱਕ ਜਾਂਦਾ ਹੈ। ਹੇ ਭਾਈ! ਤੂੰ ਅੱਠੇ ਪਹਿਰ ਪਰਮਾਤਮਾ ਦੇ ਨਾਮ ਦਾ ਜਾਪ ਜਪਿਆ ਕਰ, ਸਭ ਦੀ ਰੱਖਿਆ ਕਰ ਸਕਣ ਵਾਲਾ ਗੁਰੂ ਗੋਬਿੰਦ ਆਪ (ਤੇਰੀ ਭੀ ਰੱਖਿਆ ਕਰੇਗਾ)।2।

ਹੇ ਭਾਈ! ਪ੍ਰਭੂ ਆਪਣੇ ਸੇਵਕ ਦੀ ਆਪ ਰੱਖਿਆ ਕਰਦਾ ਹੈ, ਪ੍ਰਭੂ ਆਪਣੇ ਭਗਤਾਂ ਦੇ ਸੁਆਸਾਂ ਨੂੰ ਗਹੁ ਨਾਲ ਤੱਕਦਾ ਰਹਿੰਦਾ ਹੈ (ਭਾਵ, ਬੜੇ ਧਿਆਨ ਨਾਲ ਭਗਤ ਜਨਾਂ ਦੀ ਰਾਖੀ ਕਰਦਾ ਹੈ)। ਹੇ ਭਾਈ! ਦੱਸ, ਮਨੁੱਖ ਵਿਚਾਰੇ ਭਗਤ ਜਨਾਂ ਦਾ ਕੀਹ ਵਿਗਾੜ ਸਕਦੇ ਹਨ? ਪਰਮਾਤਮਾ ਤਾਂ ਉਹਨਾਂ ਨੂੰ ਹੱਥ ਦੇ ਕੇ ਜਮਾਂ ਤੋਂ ਭੀ ਬਚਾ ਲੈਂਦਾ ਹੈ।3।

ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਚਿੱਤ ਵਿਚ ਪਰਮਾਤਮਾ ਆ ਵੱਸਦਾ ਹੈ, ਉਸ ਦੀ ਹਰ ਥਾਂ ਬੇ-ਦਾਗ਼ ਸੋਭਾ ਬਣੀ ਰਹਿੰਦੀ ਹੈ, ਉਸ ਦੀ ਜੀਵਨ-ਜੁਗਤਿ ਸਦਾ ਪਵਿੱਤਰ ਹੁੰਦੀ ਹੈ। ਹੇ ਨਾਨਕ! (ਆਖ—ਹੇ ਭਾਈ!) ਮਿਹਰ ਕਰ ਕੇ ਗੁਰੂ ਨੇ ਜਿਸ ਮਨੁੱਖ ਨੂੰ (ਨਾਮ ਦੀ) ਦਾਤਿ ਬਖ਼ਸ਼ੀ, ਉਸ ਨੇ ਨਾਮ-ਖ਼ਜ਼ਾਨਾ ਹਾਸਲ ਕਰ ਲਿਆ।4। 33। 46।